ਹੜ੍ਹ ਪੀੜਤ ਕਿਸਾਨਾਂ ਵੱਲੋਂ ਹਰੀਕੇ ਹੈੱਡ ਵਰਕਸ 'ਤੇ ਲਾਇਆ ਧਰਨਾ ਜਾਰੀ

ਬਲਵੀਰ ਲਹਿਰਾ

ਜ਼ੀਰਾ/ਮੱਖੂ/4 ਜਨਵਰੀ : ਹੜ੍ਹ ਪੀੜਤ ਕਿਸਾਨ ਸੰਘਰਸ਼ ਕਮੇਟੀ ਪੰਜਾਬ ਦੇ ਸੂਬਾ ਪ੍ਰਧਾਨ ਜਸਬੀਰ ਸਿੰਘ ਆਹਲੂਵਾਲੀਆ ਦੀ ਅਗਵਾਈ ਹੇਠ ਹੜ੍ਹ ਪੀੜਤਾਂ ਵੱਲੋਂ ਆਪਣੀਆਂ ਹੱਕੀ ਮੰਗਾਂ ਦੇ ਸਬੰਧ ਵਿੱਚ ਹਰੀਕੇ ਹੈੱਡ ਵਰਕਸ 'ਤੇ ਲਗਾਇਆ ਹੋਇਆ ਪੱਕਾ ਧਰਨਾ ਅੱਜ ਚੌਥੇ ਦਿਨ ਵਿਚ ਜਾਰੀ ਰਿਹਾ।

ਇਸ ਪੱਕੇ ਧਰਨੇ ਦੌਰਾਨ ਕਿਸਾਨਾਂ ਵੱਲੋਂ ਪੁਲਾਂ ਦੇ ਦਰਾਂ 'ਤੇ ਚੜ ਕੇ ਭੁੱਖ ਹੜਤਾਲ ਜਾਰੀ ਰੱਖੀ ਹੋਈ ਹੈ। ਕਿਸਾਨ ਜਥੇਬੰਦੀ ਦੇ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਹੜ੍ਹਾਂ ਦੌਰਾਨ ਕਿਸਾਨਾਂ ਦੇ ਹੋਏ ਨੁਕਸਾਨ ਦਾ ਐਲਾਨਿਆ ਮੁਆਵਜਾ ਹੜ੍ਹ ਪੀੜਤਾਂ ਤੱਕ ਅਜੇ ਤੱਕ ਜ਼ਮੀਨੀ ਪੱਧਰ 'ਤੇ ਨਹੀਂ ਪਹੁੰਚਿਆ। ਇਸ ਸਬੰਧੀ ਪੱਤਰਕਾਰ ਨਾਲ ਗੱਲਬਾਤ ਕਰਦਿਆਂ ਹੜ੍ਹ ਪੀੜਤ ਕਿਸਾਨ ਸੰਘਰਸ਼ ਕਮੇਟੀ ਦੇ ਪ੍ਰਧਾਨ ਜਸਬੀਰ ਸਿੰਘ ਆਹਲੂਵਾਲੀਆ ਦੱਸਿਆ ਕਿ ਵੱਖ-ਵੱਖ ਜਥੇਬੰਦੀਆਂ ਵਲੋਂ ਰੋਜ਼ਾਨਾ ਹੜ੍ਹ ਪ੍ਰਭਾਵਿਤ ਕਿਸਾਨਾਂ ਨੂੰ ਸਮਰਥਨ ਮਿਲ ਰਿਹਾ ਹੈ ਅਤੇ ਹਰ ਪ੍ਰਕਾਰ ਦਾ ਸਹਿਯੋਗ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਜਦ ਤੱਕ ਹੜ੍ਹ ਪੀੜਤਾਂ ਨੂੰ ਪੂਰਾ ਮਆਵਜ਼ਾ ਨਹੀਂ ਮਿਲਦਾ ਉਸ ਵਕਤ ਤੱਕ ਸੰਘਰਸ਼ ਜਾਰੀ ਰਹੇਗਾ। ਜਦ ਵੀ ਅਸੀਂ ਸਰਕਾਰ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਮਿਲਣਾ ਚਾਹਿਆ ਹੈ ਤਾਂ ਉਨ੍ਹਾਂ ਸਾਨੂੰ ਮਿਲਣ ਦਾ ਮੌਕਾ ਨਹੀਂ ਦਿੱਤਾ। ਇਸ ਗੱਲ 'ਤੇ ਸਾਬਤ ਹੁੰਦਾ ਕਿ ਸਰਕਾਰ ਹੜ੍ਹ ਪੀੜਤ ਕਿਸਾਨਾਂ ਨਾਲ ਕੋਈ ਹਮਦਰਦੀ ਨਹੀਂ ਰੱਖਦੀ ਸਿਰਫ਼ ਸਿਆਸਤ ਕਰਕੇ ਆਪਣੀਆਂ ਰੋਟੀਆਂ ਸੇਕ ਰਹੀ ਹੈ। ਹੜ੍ਹ ਪੀੜਤ ਕਿਸਾਨਾਂ ਦੀਆਂ ਮੁੱਖ ਮੰਗਾਂ ਨੂੰ ਲੈ ਕੇ ਆਪਣਾ ਅੰਦੋਲਨ ਕਰ ਰਹੇ ਸੂਬਾ ਪ੍ਰਧਾਨ ਜਸਬੀਰ ਸਿੰਘ ਆਹਲੂਵਾਲੀਆ ਨੇ ਕਿਹਾ ਕਿ ਜਦ ਤੱਕ ਸਰਕਾਰ ਸਾਡੀਆਂ ਹੱਕੀ ਮੰਗਾਂ 'ਤੇ ਵਿਚਾਰ ਨਹੀਂ ਕਰਦੀ ਉਦੋਂ ਤੱਕ ਕਿਸਾਨ ਮੋਰਚਾ ਜਾਰੀ ਰਹੇਗਾ। ਹੜ੍ਹ ਪੀੜਤ ਕਿਸਾਨ ਰੋਜ਼ਾਨਾ ਹਰੀਕੇ ਹੈੱਡ ਵਰਕਸ ਦੇ ਉੱਪਰ ਭੁੱਖ ਹੜਤਾਲ 'ਤੇ ਬੈਠੇ ਰਹਿਣਗੇ। ਇਸ ਧਰਨੇ ਵਿੱਚ ਭਾਰਤੀ ਕਿਸਾਨ ਯੂਨੀਅਨ ਡੱਲੇਵਾਲ, ਭਾਰਤੀ ਕਿਸਾਨ ਯੂਨੀਅਨ ਮਝੈਲ, ਕੁਲ ਹਿੰਦ ਕਿਸਾਨ ਸਭਾ, ਭਾਰਤੀ ਕਿਸਾਨ ਯੂਨੀਅਨ ਕ੍ਰਾਂਤੀਕਾਰੀ, ਕਿਸਾਨ ਸੰਘਰਸ਼ ਕਮੇਟੀ ਪੰਜਾਬ ਅਰਾਈਆਂਵਾਲਾ ਦੇ ਆਗੂ ਅਤੇ ਵਰਕਰ ਰੋਜ਼ਾਨਾ ਸਹਯੋਗ ਕਰ ਰਹੇ ਹਨ।

ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਸਜਾਇਆ

ਸ਼ਿਵਰਾਜ ਸਿੰਘ ਰਾਜੂ

ਗਿੱਦੜਬਾਹਾ/4 ਜਨਵਰੀ : ਗੁਰਦੁਆਰਾ ਸ੍ਰੀ ਗੁਰੂ ਅਮਰਦਾਸ ਜੀ ਗਿੱਦੜਬਾਹਾ ਦੀ ਪ੍ਰਬੰਧਕੀ ਕਮੇਟੀ ਵੱਲੋਂ ਇਲਾਕੇ ਦੀਆਂ ਸਮੂਹ ਸੰਗਤਾਂ ਦੇ ਸਹਿਯੋਗ ਨਾਲ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਸਜਾਇਆ ਗਿਆ। ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ ਛਾਇਆ ਹੇਠ ਅਤੇ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਸਜਾਇਆ ਗਿਆ ਵਿਸ਼ਾਲ ਨਗਰ ਕੀਰਤਨ ਗੁਰਦੁਆਰਾ ਸ੍ਰੀ ਗੁਰੂ ਅਮਰਦਾਸ ਜੀ ਤੋਂ ਆਰੰਭ ਹੋ ਕੇ ਸ਼ਹਿਰ ਦੇ ਵੱਖ ਵੱਖ ਬਜ਼ਾਰਾਂ ਅਤੇ ਗਲੀਆਂ ਵਿਚੋਂ ਹੁੰਦਾ ਹੋਇਆ ਵਾਪਸ ਗੁਰਦੁਆਰਾ ਸਾਹਿਬ ਵਿਖੇ ਪਰਤਿਆ। ਨਗਰ ਕੀਰਤਨ ਦੌਰਾਨ ਸੁੰਦਰ ਪਾਲਕੀ ਸਾਹਿਬ ਵਿੱਚ ਸਸ਼ੋਭਿਤ ਧੰਨ ਧੰਨ ਸਾਹਿਬ ਸ਼ ?ਰੀ ਗੁਰੂ ਗ੍ਰੰਥ ਸਾਹਿਬ ਜੀ ਨੂੰ ਸੰਗਤਾ ਨਤਮਸਤਕ ਹੋਈਆ ਅਤੇ ਨਗਰ ਕੀਰਤਨ ਵਿਚ ਵੱਡੀ ਗਿਣਤੀ ਵਿਚ ਸ਼ਾਮਲ ਹੋਈਆ ਸੰਗਤਾਂ ਵੱਲੋਂ ਸਤਿਨਾਮ ਵਹਿਗੁਰੂ ਦਾ ਜਾਪ ਕਰਦੀਆਂ ਪਿੱਛੇ-ਪਿੱਛੇ ਜਾ ਰਹੀਆਂ ਸਨ। ਨਗਰ ਕੀਰਤਨ ਵਿਚ ਸ਼ਾਮਿਲ ਹੋਈਆ ਸੰਗਤਾਂ ਨੂੰ ਰਾਗੀ ਜਥੇ ਅਤੇ ਢਾਡੀ ਜਥਿਆਂ ਨੇ ਰਸਭਿੰਨਾ ਕੀਰਤਨ ਕਰਕੇ ਸਮੂਹ ਸੰਗਤਾਂ ਨੂੰ ਨਿਹਾਲ ਕੀਤਾ। ਨਗਰ ਕੀਰਤਨ ਦੌਰਾਨ ਗਤਕਾ ਪਾਰਟੀ ਵੱਲੋਂ ਵੀ ਗੱਤਕੇ ਦੇ ਸ਼ਾਨਦਾਰ ਜੌਹਰ ਦਿਖਾਏ ਗਏ। ਨਗਰ ਕੀਰਤਨ ਦੀ ਆਮਦ ਦੀ ਖੁਸ਼ੀ ਵਿਚ ਸ਼ਹਿਰ ਵਾਸੀਆਂ ਵੱਲੋਂ ਸੰਗਤਾਂ ਲਈ ਜਗ੍ਹਾ-ਜਗ੍ਹਾ ਲੰਗਰ ਅਤੇ ਸਵਾਗਤੀ ਗੇਟ ਵੀ ਲਗਾਏ ਗਏ। ਇਸ ਮੌਕੇ ਪੰਜਾਬ ਹੋਮਿਓਪੈਥੀ ਕੌਂਸਲ ਦੇ ਸਾਬਕਾ ਚੇਅਰਮੈਨ ਡਾ. ਭੁਪਿੰਦਰ ਸਿੰਘ ਨੇ ਦੱਸਿਆ ਕਿ ਗੁਰਦੁਆਰਾ ਸਾਹਿਬ 5 ਜਨਵਰੀ ਦਿਨ ਸੋਮਵਾਰ ਨੂੰ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਦਿਹਾੜੇ ਵਾਲੇ ਦਿਨ ਸਵੇਰੇ 9 ਵਜੇ ਸ੍ਰੀ ਅਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਜਾਣਗੇ ਅਤੇ 9 ਵਜੇ ਤੋਂ 11:30 ਵਜੇ ਤੱਕ ਗੁਰਬਾਣੀ ਕੀਰਤਨ ਹੋਵੇਗਾ ਅਤੇ ਉਪਰੰਤ ਗੁਰੂ ਕਾ ਲੰਗਰ ਅਤੂੱਟ ਵਰਤਾਇਆ ਜਾਵੇਗਾ। ਇਸ ਮੌਕੇ ਵੱਡੀ ਗਿਣਤੀ ਵਿਚ ਸੰਗਤ ਮੌਜੂਦ ਸੀ।

ਸੰਯੁਕਤ ਕਿਸਾਨ ਮੋਰਚੇ ਦੇ ਸੱਦੇ 'ਤੇ ਮੋਦੀ ਸਰਕਾਰ ਦੀਆਂ ਨੀਤੀਆਂ ਖ਼ਿਲਾਫ਼ ਪਿੰਡਾਂ 'ਚ ਝੰਡਾ ਮਾਰਚ ਜਾਰੀ :ਬਲੌਰ ਸਿੰਘ ਕਲਕਲਾ

ਸੁਖਜਿੰਦਰ ਗਿੱਲ

ਮੋਗਾ/4 ਜਨਵਰੀ : ਸੰਯੁਕਤ ਕਿਸਾਨ ਮੋਰਚੇ ਵੱਲੋਂ ਪਿੰਡਾਂ ਵਿੱਚ ਝੰਡਾ ਮਾਰਚ ਬਲੌਰ ਸਿੰਘ ਕਲਕਲਾ ਸੰਯੁਕਤ ਕਿਸਾਨ ਮੋਰਚੇ ਦੇ ਸੱਦੇ ਅਨੁਸਾਰ ਕੇਂਦਰ ਦੀ ਮੋਦੀ ਸਰਕਾਰ ਦੀਆਂ ਗਲਤ ਨੀਤੀਆਂ ਦੇ ਖਿਲਾਫ ਅੱਜ ਪਿੰਡ ਸਿੰਘਾਵਾਲਾ ਬੁੱਕਣ ਵਾਲਾ ਡਰੋਲੀ ਭਾਈ ਸਾਢੂ ਵਾਲਾ ਪੇਖਾ ਸੋਸਨ ਬਗੇਲੇ ਵਾਲਾਮੰਗੇ ਵਾਲਾ ਝੰਡੇ ਵਾਲਾ ਤੇ ਥੰਮਣ ਵਾਲਾ ਪਿੰਡਾਂ ਵਿੱਚ ਝੰਡਾ ਮਾਰਚ ਕੀਤਾ ਗਿਆ ਝੰਡਾ ਮਾਰਚ ਨੂੰ ਸੰਬੋਧਨ ਕਰਦਿਆਂ ਆਗੂਆਂ ਨੇ ਦੱਸਿਆ ਕਿ ਕਿਸ ਤਰ੍ਹਾਂ ਮੋਦੀ ਸਰਕਾਰ ਬਿਜਲੀ ਸੋਧ ਬਿਲ 2025 ਅਤੇ ਬੀਜਸੋਧ ਬਿੱਲ 2025 ਲਿਆ ਰਹੀ ਹੈ।ਜੇਕਰ ਇਹ ਬਿੱਲ ਪਾਸ ਹੋ ਜਾਂਦੇ ਹਨ ਤਾਂ ਦੇਸ਼ ਭਰ ਵਿੱਚ ਬਿਜਲੀ ਬੋਰਡਾਂ ਨੂੰ ਸਰਕਾਰ ਕਾਰਪੋਰੇਟ ਘਰਾਣਿਆਂ ਨੂੰ ਵੇਚ ਦੇਵੇਗੀ ਜਿਸ ਨਾਲ ਬਿਜਲੀ ਮਹਿੰਗੀ ਹੋ ਜਾਵੇਗੀ ਬਿਜਲੀ ਨਾਲ ਸਾਰੀਆਂ ਸਬਸਿਡੀਆਂ ਖਤਮ ਹੋ ਜਾਣੀਆਂ ਇਸ ਤਰ੍ਹਾਂ ਹੀ ਬੀਜ ਬਿੱਲ ਪਾਸ ਹੋਣ ਦੇ ਨਾਲ ਖੇਤੀਬਾੜੀ ਨਾਲ ਸੰਬੰਧਿਤ ਖੇਤਰ ਵੀ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਹੋ ਜਾਣਗੇ ਇਸ ਤਰਾਂ ਹੀ ਮੋਦੀ ਸਰਕਾਰ ਨੇ ਮਨਰੇਗਾ ਕਾਨੂੰਨ ਖਤਮ ਕਰਕੇ ਨਵਾਂ ਕਾਨੂੰਨ ਲਿਆਂਦਾ ਹੈ ਜਿਸ ਨਾਲ ਗਰੀਬ ਆਦਮੀ ਦਿਹਾੜੀਆਂ ਤੋਂ ਵਾਂਝਾ ਹੋ ਜਾਣਗੇ ਕੇਂਦਰ ਸਰਕਾਰ ਦੀਆਂ ਇਹਨਾਂ ਨੀਤੀਆਂ ਦੇ ਖਿਲਾਫ ਸੰਯੁਕਤ ਕਿਸਾਨ ਮੋਰਚੇ ਵੱਲੋਂ ਅੱਜ ਪਿੰਡਾਂ ਵਿੱਚ ਮੋਟਰਸਾਈਕਲਾਂ ਤੇ ਝੰਡਾ ਮਾਰਚ ਕੀਤਾ ਗਿਆ ਅੱਜ ਦੇ ਇਸ ਝੰਡਾ ਮਾਰਚਵਿੱਚ ਕਿਰਤੀ ਕਿਸਾਨ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਪ੍ਰਗਟ ਸਿੰਘ ਸਾਢੂ ਵਾਲਾ ਬਲਾਕ ਮੋਗਾ ਦੋ ਦੇ ਪ੍ਰਧਾਨ ਮੁਖਤਿਆਰ ਸਿੰਘ ਕਾਨ ਸਿੰਘ ਵਾਲਾ ਸੁਖਦੇਵ ਸਿੰਘ ਝੰਡਿਆਣਾ ਕੇਵਲ ਸਿੰਘ ਝੰਡਿਆਣਾ ਬਲਦੇਵ ਸਿੰਘ ਕਾਨ ਸਿੰਘ ਵਾਲਾ ਜਸਵੰਤ ਸਿੰਘ ਮੰਗੇਵਾਲ ਨਾਹਰ ਸਿੰਘ ਮੰਗੇਵਾਲ ਮੰਦਰ ਸਿੰਘ ਕਾਨ ਸਿੰਘ ਵਾਲਾ ਅਤੇ ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਜਿਲਾ ਵਿਤ ਸਕੱਤਰ ਬਲੌਰ ਸਿੰਘ ਕੱਲ ਕਲਾਂ ਬਲਾਕ ਮੋਗਾ ਦੋ ਦੇ ਪ੍ਰਧਾਨ ਇਕਬਾਲ ਸਿੰਘ ਸਿੰਘਾਂ ਵਾਲਾ ਜਸਵਿੰਦਰ ਸਿੰਘ ਸ਼ਿੰਦਾ ਘੱਲ ਕਲਾਂ ਕੁਲਜੀਤ ਸਿੰਘ ਗੁਰਵਿੰਦਰ ਸਿੰਘ ਬਲਦੇਵ ਸਿੰਘ ਡਰੋਲੀਭਾਈ ਗਗਨਦੀਪ ਸਿੰਘ ਜਸਪ੍ਰੀਤ ਸਿੰਘ ਡਰੋਲੀ ਭਾਈ ਜਗਤਾਰ ਸਿੰਘ ਕੋਰੇ ਵਾਲਾ ਕਰਮਜੀਤ ਸਿੰਘ ਜੈਮਲਵਾਲਾ ਹਰ ਸਿਮਰਨਜੀਤ ਸਿੰਘ ਕੱਲ ਕਲਾਂ ਅੰਗਰੇਜ ਸਿੰਘ ਡੋਲੀਭਾਈ ਤੇ ਹੋਰ ਬਹੁਤ ਸਾਰੇ ਸਾਥੀ ਸ਼ਾਮਿਲ ਹੋਏ।

ਕੇਂਦਰੀ ਜੇਲ੍ਹ ਵਿਖੇ ਕੈਦੀਆਂ ਤੇ ਹਵਾਲਾਤੀਆਂ ਲਈ ਸਿਹਤ ਜਾਂਚ ਕੈਂਪ ਲਾਇਆ, ਨਸ਼ਿਆਂ ਤੋਂ ਦੂਰ ਰਹਿਣ ਲਈ ਕੀਤਾ ਪ੍ਰੇਰਿਤ

ਹੈਪੀ ਹਰਪ੍ਰੀਤ

ਬਠਿੰਡਾ/4 ਜਨਵਰੀ : ਮੈਂਬਰ ਸਕੱਤਰ ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਮੋਹਾਲੀ ਦੀਆਂ ਹਦਾਇਤਾਂ ਅਨੁਸਾਰ ਪੰਜਾਬ ਵਿੱਚ 06 ਜਨਵਰੀ 2026 ਤੱਕ ਯੂਥ ਅਗੇਨਸਟ ਡਰੱਗਸ ਮੁਹਿੰਮ ਚਲਾਈ ਗਈ ਹੈ, ਜਿਸ ਤਹਿਤ ਜਿਲ੍ਹਾ ਅਤੇ ਸੈਸ਼ਨ ਜੱਜ, ਬਠਿੰਡਾ ਸ਼ ?ਰੀ ਕਰੁਨੇਸ਼ ਕੁਮਾਰ ਦੇ ਦਿਸ਼ਾਂ ਨਿਰਦੇਸ਼ਾਂ ਅਤੇ ਮਾਣਯੋਗ ਸਕੱਤਰ, ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਬਠਿੰਡਾ ਮਿਸ. ਬਲਜਿੰਦਰ ਕੌਰ ਮਾਨ ਦੇ ਦਿਸ਼ਾਂ-ਨਿਰਦੇਸ਼ਾਂ ਤਹਿਤ ਅੱਜ ਕੇਂਦਰੀ ਜੇਲ੍ਹ ਬਠਿੰਡਾ ਵਿਖੇ ਕੈਦੀਆਂ ਅਤੇ ਹਵਾਲਾਤੀਆਂ ਲਈ ਮੈਡੀਕਲ ਕੈਂਪ ਲਗਾਇਆ ਗਿਆ। ਜ਼ਿਲ੍ਹਾ ਅਤੇ ਸੈਸ਼ਨ ਜੱਜ ਅਤੇ ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਵੀ ਇਸ ਮੈਡੀਕਲ ਕੈਂਪ ਦਾ ਦੌਰਾ ਕੀਤਾ ਗਿਆ ਅਤੇ ਜੱਜ ਸਾਹਿਬਾਨ ਵੱਲੋਂ ਕੈਦੀਆਂ ਅਤੇ ਹਵਾਲਾਤੀਆਂ ਨਾਲ ਮੁਲਾਕਾਤ ਵੀ ਕੀਤੀ ਗਈ ਅਤੇ ਉਨ੍ਹਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਵੀ ਪ੍ਰੇਰਿਆ ਗਿਆ। ਇਸ ਤੋਂ ਇਲਾਵਾ ਐਲ.ਏ.ਡੀ. ਸੀ. ਵਕੀਲ ਸਾਹਿਬਾਨਾਂ ਵੱਲੋਂ ਵੀ ਕੇਂਦਰੀ ਜੇਲ੍ਹ ਬਠਿੰਡਾ ਅਤੇ ਜਨਾਨਾ ਜੇਲ੍ਹ ਬਠਿੰਡਾ ਵਿਖੇ ਕੈਦੀਆਂ ਅਤੇ ਹਵਾਲਾਤੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਸੈਮੀਨਾਰ ਲਗਾਇਆ ਗਿਆ। ਇਲਾਵਾ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਜ਼ਿਲ੍ਹੇ ਵਿੱਚ ਵੱਖ-ਵੱਖ ਪਿੰਡਾ, ਸਕੂਲਾ, ਸ਼ਹਿਰਾਂ ਅਤੇ ਕਾਲਜਾਂ ਵਿੱਚ ਪੀ.ਐਲ.ਵੀਜ਼ ਅਤੇ ਪੈਨਲ ਵਕੀਲਾਂ ਦੇ ਸਹਿਯੋਗ ਨਾਲ ਸੈਮੀਨਾਰ, ਰੈਲੀਆਂ ਕੱਢੀਆਂ, ਨੁਕੜ ਨਾਟਕ ਕੀਤੇ ਜਾ ਰਹੇ ਹਨ। ਇਨ੍ਹਾਂ ਪ੍ਰੋਗਰਾਮਾਂ ਤੋਂ ਇਲਾਵਾ ਵਿਦਿਆਰਥੀਆਂ ਨੂੰ ਜਾਗਰੂਕ ਕਰਨ ਲਈ ਵੀ ਸਕੂਲਾਂ ਵਿੱਚ ਸੈਮੀਨਾਰ, ਕੁਇਜ ਮੁਕਾਬਲੇ, ਪੇਂਟਿੰਗ ਮੁਕਾਬਲੇ, ਡਕਲਾਮੇਸ਼ਨ ਮੁਕਾਬਲੇ ਆਦਿ ਕਰਵਾਏ ਜਾ ਰਹੇ ਹਨ, ਜਿਨ੍ਹਾਂ ਦਾ ਮਨੋਰਥ ਵਿਦਿਆਰਥੀਆਂ ਨੂੰ ਨਸ਼ੇ ਨਾ ਕਰਨ ਸਬੰਧੀ ਜਾਗਰੂਕ ਕਰਨਾ ਹੈ। ਇਸ ਮੁਹਿੰਮ ਦਾ ਮੁੱਖ ਮਕਸਦ ਲੋਕਾਂ ਨੂੰ ਨਸ਼ੇ ਨਾ ਕਰਨ ਸਬੰਧੀ ਜਾਗਰੂਕ ਕਰਨਾ ਹੈ ਤਾਂ ਜੋ ਲੋਕ ਨਸ਼ਿਆਂ ਨੂੰ ਛੱਡ ਕੇ ਆਪਣੀ ਜਿੰਦਗੀ ਨੂੰ ਸਹੀ ਰਾਹ ਦੇ ਸਕਣ। ਇਸ ਮੰਤਵ ਦੀ ਪੂਰਤੀ ਲਈ ਜਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਵੱਲੋਂ ਪੈਨਲ ਵਕੀਲਾ, ਪੈਰਾ ਲੀਗਲ ਵਲੰਟੀਅਰਾਂ ਨਾਲ ਮਿਲ ਕੇ ਜਿਲ੍ਹੇ ਦੇ ਵੱਖ-ਵੱਖ ਇਲਾਕਿਆਂ ਵਿੱਚ ਸੈਮੀਨਾਰ ਲਗਾਏ ਜਾ ਰਹੇ ਹਨ। ਜ਼ਿਲ੍ਹਾ ਕਾਨੂੰਨੀ ਸੇਵਾਵਾਂ ਵੱਲੋਂ ਆਮ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਇਨ੍ਹਾਂ ਪ੍ਰੋਗਰਾਮਾਂ ਵਿੱਚ ਹਿੱਸਾ ਲੈਣ ਤਾਂ ਜੋ ਪੰਜਾਬ ਨੂੰ ਨਸ਼ਾ ਮੁਕਤ ਬਣਾਇਆ ਜਾ ਸਕੇ।

ਐਡਵੋਕੇਟ ਅਰਸ਼ ਬੱਤਰਾ ਐਸਓਆਈ ਦੇ ਸੂਬਾ ਸਪੋਕਸਪਰਸਨ ਨਿਯੁਕਤ

ਕੇ.ਐਲ. ਮੁਕਸਰੀ/ਕੁਲਭੂਸ਼ਨ ਚਾਵਲਾ

ਸ੍ਰੀ ਮਕਤਸਰ ਸਾਹਿਬ/4 ਜਨਵਰੀ : ਸ਼੍ਰੋਮਣੀ ਅਕਾਲੀ ਦਲ ਵੱਲੋਂ ਵਿਦਿਆਰਥੀ ਵਿੰਗ ਐਸਓਆਈ (ਸਟੂਡੈਂਟ ਆਰਗੇਨਾਇਜੇਸਨ ਆਫ਼ ਇੰਡੀਆ) ਦੇ ਜੱਥੇਬੰਦਕ ਢਾਂਚੇ ਦਾ ਐਲਾਨ ਕਰ ਦਿੱਤਾ ਗਿਆ ਹੈ। ਐਸਓਆਈ ਦੇ ਕੋਆਰਡੀਨੇਟਰ ਗੁਰਪ੍ਰੀਤ ਸਿੰਘ ਰਾਜੂ ਖੰਨਾ ਅਤੇ ਪ੍ਰਧਾਨ ਰਣਬੀਰ ਸਿੰਘ ਢਿੱਲੋਂ ਵੱਲੋਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀ ਪ੍ਰਵਾਨਗੀ ਅਤੇ ਸੀਨੀਅਰ ਆਗੂਆਂ ਨਾਲ ਸਲਾਹ ਮਸ਼ਵਰਾ ਕਰਨ ਉਪਰੰਤ ਪਾਰਟੀ ਲਈ ਮਿਹਨਤ ਕਰਨ ਵਾਲੇ ਨੌਜਵਾਨਾਂ ਨੂੰ ਅਹਿਮ ਅਹੁਦਿਆਂ ਦੀ ਜ਼ਿੰਮੇਵਾਰੀ ਸੌਂਪੀ ਗਈ ਹੈ। ਇਸੇ ਐਲਾਨ ਤਹਿਤ ਸ੍ਰੀ ਮੁਕਤਸਰ ਸਾਹਿਬ ਵਿਖੇ ਅਕਾਲੀ ਦਲ ਦੇ ਸੀਨੀਅਰ ਆਗੂ ਤਰਸੇਮ ਬੱਤਰਾ ਅਤੇ ਕੌਂਸਲਰ ਰਿੰਪੀ ਬੱਤਰਾ ਦੇ ਸਪੁੱਤਰ ਐਡਵੋਕੇਟ ਅਰਸ਼ ਬੱਤਰਾ ਨੂੰ ਸੂਬਾ ਸਪੋਕਸਪਰਸਨ ਨਿਯੁਕਤ ਕੀਤਾ ਗਿਆ ਹੈ। ਜ਼ਿਕਰਯੋਗ ਹੈ ਕਿ ਅਰਸ਼ ਬੱਤਰਾ ਮੁਕਤਸਰ ਵਿਖੇ ਸਮਾਜ ਸੇਵਾ ਅਤੇ ਹਰਿਆਵਲ ਲਹਿਰ 'ਚ ਵੀ ਮਹੱਤਵਪੂਰਨ ਯੋਗਦਾਨ ਪਾ ਰਹੇ ਹਨ। ਓਧਰ ਮਾਲਵਾ ਜੋਨ 1 ਦੇ ਨਵਨਿਯੁਕਤ ਪ੍ਰਧਾਨ ਜਸ਼ਨ ਅੌਲਖ, ਜਰਨਲ ਸਕੱਤਰ ਇਵਨਾਜ ਸਿੰਘ ਧਨੋਆ ਮਲੋਟ ਅਤੇ ਸੂਬਾ ਸਪੋਕਸਪਰਸਨ ਅਰਸ਼ ਬੱਤਰਾ ਵੱਲੋਂ ਆਪਣੇ ਸਾਥੀ ਦਮਨ ਬਰਾੜ, ਸੁਖਮਨ ਬਰਾੜ, ਹਰੀਦੇਵ ਸੇਖੋਂ, ਮਹਿਫ਼ਲ ਅਤੇ ਅਰਮਾਨ ਸਮੇਤ ਪਿੰਡ ਬਰਕੰਦੀ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਕੰਵਰਜੀਤ ਸਿੰਘ ਰੋਜੀ ਬਰਕੰਦੀ ਨਾਲ ਮੁਲਾਕਾਤ ਕੀਤੀ। ਰੋਜੀ ਬਰਕੰਦੀ ਵੱਲੋਂ ਇਨ੍ਹਾਂ ਨੌਜਵਾਨਾਂ ਦਾ ਮੂੰਹ ਮਿੱਠਾ ਕਰਵਾ ਕੇ ਸੌਂਪੀ ਗਈ ਜ਼ਿੰਮੇਵਾਰੀ ਨੂੰ ਤਨਦੇਹੀ ਨਾਲ ਨਿਭਾਉਂਦੇ ਹੋਏ ਪਾਰਟੀ ਨੂੰ ਸਿੱਖਰਾਂ 'ਤੇ ਲੈਣ ਜਾਣ ਦੀਆਂ ਸ਼ੁੱਭਕਾਮਨਾਵਾਂ ਦਿੱਤੀਆਂ।

ਪਿੰਡ ਫਲੀਆਵਾਲਾ 'ਚ ਦਸ਼ਮੇਸ਼ ਪਿਤਾ ਸ੍ਰੀ ਗੁਰੂ ਗੋਬਿੰਦ ਸਿੰਘ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਵਿਸ਼ਾਲ ਨਗਰ ਕੀਰਤਨ ਸਜਾਇਆ

ਕੇਵਲਵੀਰ ਕ੍ਰਿਸ਼ਨ ਕੰਬੋਜ

ਜਲਾਲਾਬਾਦ/4 ਜਨਵਰੀ : ਸਰਬੰਸਦਾਨੀ ਦਸ਼ਮੇਸ਼ ਪਿਤਾ ਧੰਨ-ਧੰਨ ਸ੍ਰੀ ਗੁਰੂ ਗੋਬਿੰਦ ਸਿ